SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | Vol 22* Issue 133 | Wednesday, July 12, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*


## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ 2 ਮਹਿਲਾਵਾਂ ਜ਼ਖ਼ਮੀ




ਟੋਰਾਂਟੋ, 11 ਜੁਲਾਈ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਟੋਰਾਂਟੋ ਦੇ ਐਗਲਿੰਟਨ ਵੈਸਟ ਏਰੀਆ ਵਿੱਚ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਦੋ ਮਹਿਲਾਵਾਂ ਜ਼ਖ਼ਮੀ ਹੋ ਗਈਆਂ।

ਦੋ ਰਾਹਗੀਰਾਂ ਨੂੰ ਗੱਡੀ ਵੱਲੋਂ ਟੱਕਰ ਮਾਰੇ ਜਾਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਰਾਤੀਂ 8:30 ਵਜੇ ਦੇ ਨੇੜੇ ਤੇੜੇ ਟੋਰਾਂਟੋ ਪੁਲਿਸ ਐਗਲਿੰਟਨ ਐਵਨਿਊ ਵੈਸਟ ਤੇ ਕੇਨ ਐਵਨਿਊ ਏਰੀਆ ਵਿੱਚ ਪਹੁੰਚੀ। ਦੋਵਾਂ ਮਹਿਲਾਵਾਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਪਰ ਸਥਿਰ ਬਣੀ ਹੋਈ ਹੈ। ਡਰਾਈਵਰ ਵੀ ਮੌਕੇ ਉੱਤੇ ਮੌਜੂਦ ਰਿਹਾ ਤੇ ਜਾਂਚ ਨਾਲ ਪੂਰਾ ਸਹਿਯੋਗ ਕਰ ਰਿਹਾ ਹੈ।

ਦੂਜੀ ਮਹਿਲਾ ਨੂੰ ਜ਼ਿਆਦਾ ਗੰਭੀਰ ਸੱਟਾਂ ਨਹੀਂ ਲੱਗੀਆਂ। ਇਸ ਸਮੇਂ ਜਾਂਚ ਲਈ ਐਗਲਿੰਟਨ ਐਵਨਿਊ ਵੈਸਟ ਨੂੰ ਕੀਲ ਸਟਰੀਟ ਤੇ ਕੇਲਡੋਨੀਆ ਰੋਡ ਦਰਮਿਆਨ ਬੰਦ ਕਰ ਦਿੱਤਾ ਗਿਆ ਹੈ।

## ਐਨਏਸੀਆਈ ਨੇ ਕੋਵਿਡ-19 ਵੈਕਸੀਨ ਦੀ ਇੱਕ ਹੋਰ ਬੂਸਟਰ ਡੋਜ਼ ਲਵਾਉਣ ਦੀ ਕੀਤੀ ਸਿਫਾਰਿਸ਼

ਓਟਵਾ, 11 ਜੁਲਾਈ (ਪੋਸਟ ਬਿਊਰੋ) : ਮੰਗਲਵਾਰ ਨੂੰ ਨੈਸ਼ਨਲ ਐਡਵਾਇਜ਼ਰੀ ਕਮੇਟੀ ਆਨ ਇਮਿਊਨਾਈਜ਼ੇਸ਼ਨ (ਐਨਏਸੀਆਈ) ਨੇ ਆਖਿਆ ਕਿ ਕੈਨੇਡੀਅਨਜ਼ ਨੂੰ ਇਸ ਸਾਲ ਦੇ ਅੰਤ ਵਿੱਚ ਕੋਵਿਡ-19 ਵੈਕਸੀਨ ਦੀ ਇੱਕ ਹੋਰ ਬੂਸਟਰ ਡੋਜ਼ ਲੈ ਲੈਣੀ ਚਾਹੀਦੀ ਹੈ। ਇਹ ਵੀ ਆਖਿਆ ਗਿਆ ਹੈ ਕਿ ਇਹ ਡੋਜ਼ ਉਦੋਂ ਲਈ ਜਾਵੇ ਜਦੋਂ ਪਿਛਲੀ ਡੋਜ਼ ਲਿਆਂ ਨੂੰ ਛੇ ਮਹੀਨੇ ਦਾ ਸਮਾਂ ਹੋ ਗਿਆ ਹੋਵੇ।

ਐਨਏਸੀਆਈ ਵੱਲੋਂ ਇੱਕ ਬਿਆਨ ਜਾਰੀ ਕਰਕੇ ਆਖਿਆ ਗਿਆ ਕਿ ਕੋਵਿਡ-19 ਦੀ ਇਹ ਬੂਸਟਰ ਡੋਜ਼ ਸਾਰਸ-ਕੋਵ-2 ਵੇਰੀਐਂਟਸ ਤੋਂ ਬਚਾਉਂਦੀ ਹੈ। ਫਾਈਜ਼ਰ-



ਬਾਇਓਐਨਟੈਕ ਤੇ ਮੌਡਰਨਾ ਵੱਲੋਂ ਹੈਲਥ ਕੈਨੇਡਾ ਵੱਲੋਂ ਮਨਜ਼ੂਰੀ ਪ੍ਰਾਪਤ ਐਮਆਰਐਨਏ ਕੋਵਿਡ-19 ਵੈਕਸੀਨਜ਼ ਦੀ ਨਵੀਂ ਫੌਰਮੂਲੇਸ਼ਨਜ਼ ਹਾਸਲ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਐਨਏਸੀਆਈ ਵੱਲੋਂ ਇਹ ਸਿਫਾਰਿਸ਼ ਕੀਤੀ ਜਾ ਰਹੀ ਹੈ ਕਿ ਜਿਸ ਕਿਸੇ ਦੀ ਵੀ ਉਮਰ ਪੰਜ ਸਾਲ ਤੇ ਇਸ ਤੋਂ ਵੱਧ ਹੈ ਅਤੇ ਉਸ ਦੀ ਵੈਕਸੀਨੇਸ਼ਨ ਨਹੀਂ ਕਰਵਾਈ ਗਈ ਤਾਂ ਉਸ ਨੂੰ ਐਮਆਰਐਨਏ ਵੈਕਸੀਨ ਦੀਆਂ ਮੁੱਢਲੀਆਂ ਦੋ ਡੋਜ਼ ਲਵਾਉਣੀਆਂ ਚਾਹੀਦੀਆਂ ਹਨ।

ਐਨਏਸੀਆਈ ਨੇ ਆਪਣੇ ਬਿਆਨ ਵਿੱਚ ਆਖਿਆ ਕਿ ਇਸ ਸਾਲ ਦੇ ਅੰਤ ਵਿੱਚ ਇਮਿਊਨਾਈਜ਼ੇਸ਼ਨ ਉਨ੍ਹਾਂ ਲਈ ਖਾਸਤੌਰ ਉੱਤੇ ਜ਼ਰੂਰੀ ਹੈ ਜਿਨ੍ਹਾਂ ਨੂੰ ਕੋਵਿਡ-19 ਇਨਫੈਕਸ਼ਨ ਜਾਂ ਖਤਰਨਾਕ ਬਿਮਾਰੀ ਹੋਣ ਦਾ ਜ਼ਿਆਦਾ ਡਰ ਹੈ। ਇਨ੍ਹਾਂ ਗਰੁੱਪਜ਼ ਵਿੱਚ 65 ਸਾਲ ਤੇ ਇਸ ਤੋਂ ਵੱਧ ਉਮਰ ਦੇ ਲੋਕ, ਲਾਂਗ ਟਰਮ ਕੇਅਰ ਹੋਮਜ਼ ਦੇ ਰੈਜ਼ੀਡੈਂਟਸ ਜਾਂ ਇੱਕ ਥਾਂ ਉੱਤੇ ਰਹਿਣ ਵਾਲੇ ਹੋਰ ਲੋਕ, ਜਿਨ੍ਹਾਂ ਨੂੰ ਲੰਮੇਂ ਸਮੇਂ ਤੋਂ ਕੋਈ ਬਿਮਾਰੀ ਹੈ, ਗਰਭਵਤੀ ਔਰਤਾਂ, ਫਰਸਟ ਨੇਸ਼ਨਜ਼ ਨਾਲ ਸਬੰਧਤ ਲੋਕ, ਜ਼ਰੂਰੀ ਕਮਿਊਨਿਟੀ ਸੇਵਾਵਾਂ ਦੇਣ ਵਾਲੇ ਲੋਕ ਸ਼ਾਮਲ ਹਨ।

## ਅੱਜ ਮੇਅਰ ਦੇ ਅਹੁਦੇ ਦੀ ਸਹੁੰ ਚੁੱਕਣਗੇ ਚਾਓ



ਟੋਰਾਂਟੋ, 11 ਜੁਲਾਈ (ਪੋਸਟ ਬਿਊਰੋ) : ਬੁੱਧਵਾਰ ਨੂੰ ਓਲੀਵੀਆ ਚਾਓ ਟੋਰਾਂਟੋ ਦੀ 66ਵੀਂ ਮੇਅਰ ਵਜੋਂ ਸਹੁੰ ਚੁੱਕੇਗੀ। ਇਸ ਨਾਲ ਹੀ ਸਿਟੀ ਹਾਲ ਵਿੱਚ ਨਵੇਂ ਯੁੱਗ ਦੀ ਸ਼ੁਰੂਆਤ ਹੋਵੇਗੀ।

ਫਰਵਰੀ ਵਿੱਚ ਜੌਹਨ ਟੋਰੀ ਵੱਲੋਂ ਅਸਤੀਫਾ ਦਿੱਤੇ ਜਾਣ ਤੋਂ ਬਾਅਦ ਮੇਅਰ ਦੀਆਂ ਜ਼ਿੰਮੇਵਾਰੀਆਂ ਡਿਪਟੀ ਮੇਅਰ ਜੈਨੀਫਰ ਮੈਕੈਲਵੀ ਵੱਲੋਂ ਨਿਭਾਈਆਂ ਜਾ ਰਹੀਆਂ ਹਨ। ਹੁਣ ਮੈਕੈਲਵੀ ਇਹ ਜ਼ਿੰਮੇਵਾਰੀਆਂ ਅਸਲ ਮੇਅਰ ਨੂੰ ਸੌਂਪਣ ਲਈ ਤਿਆਰ ਹੈ। ਮੰਗਲਵਾਰ ਨੂੰ ਟੋਰਾਂਟੋ ਵਿੱਚ ਇੱਕ ਈਵੈਂਟ ਦੌਰਾਨ ਚਾਓ ਨੇ ਆਖਿਆ ਕਿ ਉਹ ਸਾਰਿਆਂ ਨੂੰ ਇੱਕੋ ਸੁਨੇਹਾ ਦੇਣਾ ਚਾਹੁੰਦੀ ਹੈ "ਆਓ ਸਾਰੇ ਰਲ ਕੇ ਕੰਮ ਕਰੀਏ।" ਇੱਕਜੁੱਟ ਹੋ ਕੇ ਕੰਮ ਕਰਨ ਨਾਲ ਅਸੀਂ ਮਜ਼ਬੂਤ ਹੋਵਾਂਗੇ। ਉਨ੍ਹਾਂ ਆਖਿਆ ਕਿ ਕੰਮ ਕਰਨ ਲਈ ਉਨ੍ਹਾਂ ਤੋਂ ਹੋਰ ਉਡੀਕ ਨਹੀਂ ਹੋ ਰਹੀ। ਆਲੋਚਕਾਂ ਦਾ ਕਹਿਣਾ ਹੈ ਕਿ ਚਾਓ ਦੀ ਕੈਂਪੇਨ ਵਿੱਚ ਨੀਤੀ ਸਬੰਧੀ ਪੂਰੇ ਵੇਰਵੇ ਨਹੀਂ ਦਿੱਤੇ ਗਏ। ਪਰ ਚਾਓ ਵੱਲੋਂ ਵੱਡੇ ਪੱਧਰ ਉੱਤੇ ਤਬਦੀਲੀ ਲਿਆਉਣ ਦੀ ਗੱਲ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਟੋਰਾਂਟੋ ਨੂੰ ਵਧੇਰੇ ਕਿਫਾਇਤੀ ਤੇ ਵਧੇਰੇ ਕੇਅਰਿੰਗ ਬਣਾਉਣ ਦਾ ਦਾਅਵਾ ਵੀ ਚਾਓ ਵੱਲੋਂ ਕੀਤਾ ਜਾ ਰਿਹਾ ਹੈ।

...ਬਾਕੀ ਪੰਨਾ 2 'ਤੇ

## ਬਰੈਂਪਟਨ ਨੇਬਰਹੁੱਡ ਐਸੋਸੀਏਸ਼ਨ ਗਾਈਡ ਹੁਣ ਹੋਵੇਗੀ ਉਪਲਬਧ, ਨਵੀਂ ਗ੍ਰਾਂਟ ਵੀ ਹੋਈ ਮਨਜ਼ੂਰ

ਬਰੈਂਪਟਨ, 11 ਜੁਲਾਈ (ਪੋਸਟ ਬਿਊਰੋ) : ਬੀਤੇ ਦਿਨੀਂ ਕਮੇਟੀ ਆਫ ਕਾਊਂਸਲ ਦੀ ਹੋਈ ਮੀਟਿੰਗ ਵਿੱਚ ਨਵੀਂ ਨੇਬਰਹੁੱਡ ਐਸੋਸਿਏਸ਼ਨ ਗਾਈਡ ਨੂੰ ਮਨਜ਼ੂਰੀ ਦਿੱਤੀ ਗਈ। ਇਸ ਦੌਰਾਨ ਯੋਗ ਗਰੁੱਪਜ਼ ਤੇ ਪ੍ਰੋਜੈਕਟਸ ਲਈ 1500 ਡਾਲਰ ਦੀ ਨਵੀਂ ਗ੍ਰਾਂਟ ਨੂੰ ਵੀ ਮਨਜ਼ੂਰੀ ਦਿੱਤੀ ਗਈ। ਇਸ ਗਾਈਡ ਵਿੱਚ ਰੈਜ਼ੀਡੈਂਟਸ ਨੂੰ ਇਹ ਜਾਣਕਾਰੀ ਦਿੱਤੀ ਗਈ ਹੈ ਕਿ ਕਿਸ ਤਰ੍ਹਾਂ ਆਪਣੀਆਂ ਨੇਬਰਹੁੱਡ ਐਸੋਸਿਏਸ਼ਨਜ਼ ਬਣਾਈਆਂ ਜਾਣ, ਕਿਸ ਤਰ੍ਹਾਂ ਕਮਿਊਨਿਟੀ ਦੀ ਭਾਵਨਾ ਪੈਦਾ ਕੀਤੀ ਜਾਵੇ ਤੇ ਕਿਵੇਂ ਬਰੈਂਪਟਨ ਦੀ ਵੰਨ-ਸੁਵੰਨਤਾ ਵਿੱਚ ਸੁਧਾਰ ਕੀਤਾ ਜਾਵੇ।

ਇਸ ਮੌਕੇ ਕਾਊਂਸਲਰ ਰੋਵੇਨਾ ਸੈਂਟੋਸ ਨੇ ਆਖਿਆ ਕਿ ਇਸ ਸਮੇਂ ਜਦੋਂ ਕਈ ਗੁਆਂਢੀ ਆਰਗੈਨਿਕ ਤੌਰ ਉੱਤੇ ਇੱਕਜੁੱਟ ਹੋ ਰਹੇ ਹਨ, ਇਹ ਗਾਈਡ ਸਾਡੀ ਕਮਿਊਨਿਟੀ ਨੂੰ ਰਸਮੀ ਤੌਰ ਉੱਤੇ ਆਰਗੇਨਾਈਜ਼ ਕਰਨ, ਇੱਕ ਦੂਜੇ ਤੇ ਸਿਟੀ ਨਾਲ ਜੋੜਨ ਅਤੇ ਲੋਕਲ ਆਈਡੀਆਜ਼ ਨੂੰ ਲਾਗੂ ਕਰਨ ਵਿੱਚ ਮਦਦ ਕਰੇਗੀ।

...ਬਾਕੀ ਪੰਨਾ 2 'ਤੇ


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE: 44 Fasken Dr, #2-9, Etobicoke, On M9W 5M8, (416) 792-0877
BRAMPTON: Unit #1, 241 Clarence St, Brampton, On L6W 3E7, (416) 551-3343
VAUGHAN: 5781 Highway 7 Unit 10, Vaughan, ON L4L 1T8, (416) 477-5556
OAKVILLE: 1050 Speers Road, Oakville, ON L6L 2X4, (416) 613-0555
LONDON: Unit #4 -1540 Fanshawe Park Road West, London, On N6H 5L8, (519) 641-1010
STONEY CREEK: Unit #6 – 410 Lewis Road, Stoney Creek, On L8E 5Y7, (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat, Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬਰੈਂਪਟਨ ਨੇਬਰਹੁੱਡ ਐਸੋਸੀਏਸ਼ਨ ਗਾਈਡ ਹੁਣ ਹੋਵੇਗੀ ਉਪਲਬਧ, ਨਵੀਂ ਗ੍ਰਾਂਟ ਵੀ ਹੋਈ ਮਨਜ਼ੂਰ

ਪੰਨਾ 1 ਦਾ ਬਾਕੀ

ਇਸ ਨਾਲ ਅਸੀਂ ਇੱਕ ਦੂਜੇ ਉੱਤੇ ਟੇਕ ਰੱਖਣ, ਸੇਫਟੀ ਵਿੱਚ ਸੁਧਾਰ ਤੇ ਜ਼ਿੰਦਗੀ ਦੇ ਮਿਆਰ ਵਿੱਚ ਸੁਧਾਰ ਕਰਨ ਦੀ ਆਸ ਰੱਖ ਸਕਦੇ ਹਾਂ। ਕਾਊਂਸਲਰ ਸੈਂਟੋਸ ਨੇਬਰਹੁੱਡ ਐਸੋਸਿਏਸ਼ਨਜ਼ ਲਈ 2020 ਤੋਂ ਪੈਰਵੀ ਕਰ ਰਹੀ ਹੈ। ਮਹਾਂਮਾਰੀ ਦੌਰਾਨ ਉਨ੍ਹਾਂ ਵੱਲੋਂ ਸਮਾਜਕ ਏਕਤਾ ਦੀ ਲੋੜ ਉੱਤੇ ਵੀ ਜ਼ੋਰ ਦਿੱਤਾ ਗਿਆ। ਨੇਬਰਹੁੱਡ ਐਸੋਸਿਏਸ਼ਨਜ਼ ਅਜਿਹੇ ਵਾਲੰਟੀਅਰ ਗਰੁੱਪ ਹੁੰਦੇ ਹਨ ਜਿਹੜੇ ਇੱਕੋ ਗੁਆਂਢ ਦੇ ਰੈਜ਼ੀਡੈਂਟਸ ਦੀ ਮਦਦ ਨਾਲ ਬਣਾਏ ਜਾਂਦੇ ਹਨ ਤੇ ਇਹ ਸਾਰੇ ਗੁਆਂਢੀ ਰਲ ਕੇ ਆਪਣੇ ਇਲਾਕੇ ਦਾ ਸੁਧਾਰ ਕਰਦੇ ਹਨ। ਇਸ ਦੇ ਨਾਲ ਹੀ ਆਪਣੇ ਗੁਆਂਢ ਨੂੰ ਸੁਹਣਾ ਬਣਾਉਣ ਲਈ 1500 ਡਾਲਰ ਦੀ ਗ੍ਰਾਂਟ ਲਈ ਵੀ ਮਨਜ਼ੂਰੀ ਦਿੱਤੀ ਗਈ ਹੈ। ਇਸ ਨਾਲ ਲੋਕ ਆਪਣੇ ਆਲੇ ਦੁਆਲੇ ਨੂੰ ਸੁਹਣਾ ਬਣਾਉਣ ਦੇ ਨਾਲ ਨਾਲ ਸੇਫਟੀ ਵਾਸਤੇ ਪ੍ਰਬੰਧ ਵੀ ਕਰ ਸਕਿਆ ਕਰਨਗੇ।



# ਅੱਜ ਮੇਅਰ ਦੇ ਅਹੁਦੇ ਦੀ ਸੰਹੁ ਚੁੱਕਣਗੇ ਚਾਓ

ਪੰਨਾ 1 ਦਾ ਬਾਕੀ

ਇਸ ਦੌਰਾਨ ਮੈਕੈਲਵੀ ਨੇ ਆਖਿਆ ਕਿ ਪ੍ਰੋਵਿੰਸ਼ੀਅਲ ਤੇ ਫੈਡਰਲ ਸਰਕਾਰ ਦੀ ਵਾਧੂ ਮਦਦ ਤੋਂ ਬਿਨਾਂ 2024 ਲਈ ਔਖੇ ਫੈਸਲੇ ਲੈਣੇ ਪੈਣਗੇ।

ਚੋਣ ਕੈਂਪੇਨ ਵਿੱਚ ਚਾਓ ਦੇ ਵਿਰੋਧੀ ਰਹੇ ਕੁੱਝ ਉਮੀਦਵਾਰ ਹੁਣ ਨਵੇਂ ਸ਼ਾਸਨ ਵਿੱਚ ਆਪਣੇ ਲਈ ਥਾਂ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਨ੍ਹਾਂ ਵਿੱਚ ਲੰਮੇਂ ਸਮੇਂ ਤੋਂ ਸਿਟੀ ਕਾਊਂਸਲਰ ਰਹੇ ਬ੍ਰੈਡ ਬ੍ਰੈਡਫੋਰਡ ਵੀ ਸ਼ਾਮਲ ਹਨ। ਉਨ੍ਹਾਂ ਆਖਿਆ ਕਿ ਚੋਣਾਂ ਦੌਰਾਨ ਅਸੀਂ ਵਿਰੋਧੀ ਸੀ ਪਰ ਹੁਣ ਸਿਟੀ ਹਾਲ ਵਿੱਚ ਅਸੀਂ ਕੁਲੀਗ ਹੋਵਾਂਗੇ। ਚਾਓ ਨੇ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਸਿਟੀ ਕਾਊਂਸਲਰਜ਼ ਪਹਿਲਾਂ ਵਾਂਗ ਹੀ ਕੰਮ ਕਰਦੇ ਰਹਿਣਗੇ।

ਚਾਓ ਬੁੱਧਵਾਰ ਨੂੰ ਸਵੇਰੇ 11:00 ਵਜੇ ਟੋਰਾਂਟੋ ਦੇ ਮੇਅਰ ਦੇ ਅਹੁਦੇ ਦੀ ਸੰਹੁ ਚੁੱਕੇਗੀ ਤੇ ਉਸ ਤੋਂ ਬਾਅਦ ਥੋੜ੍ਹੀ ਦੇਰ ਲਈ ਸਾਰਿਆਂ ਨੂੰ ਸੰਬੋਧਨ ਕਰੇਗੀ। ਇਸ ਸਮਾਰੋਹ ਵਿੱਚ ਕਾਊਂਸਲਰਜ਼, ਸਿਟੀ ਸਟਾਫ ਤੇ ਏਜੰਸੀ ਦੇ ਨੁਮਾਇੰਦੇ, ਸਾਬਕਾ ਮੇਅਰ ਤੇ ਮੇਅਰ ਚੁਣੀ ਗਈ ਚਾਓ ਵੱਲੋਂ ਸੱਦੇ ਮਹਿਮਾਨ ਸ਼ਾਮਲ ਹੋਣਗੇ।

# ਸਵੀਡਨ ਨੂੰ ਨਾਟੋ ਵਿੱਚ ਸ਼ਾਮਲ ਕਰਨ ਦਾ ਵਿਰੋਧ ਕਰ ਰਹੇ ਤੁਰਕੀ ਨੇ ਛੱਡੀ ਆਪਣੀ ਜ਼ਿੱਦ

ਲਿਥੁਆਨੀਆ, 11 ਜੁਲਾਈ (ਪੋਸਟ ਬਿਊਰੋ) : ਤੁਰਕੀ ਵੱਲੋਂ ਸਵੀਡਨ ਨੂੰ ਨਾਟੋ ਵਿੱਚ ਸ਼ਾਮਲ ਕਰਨ ਉੱਤੇ ਜਤਾਏ ਜਾ ਰਹੇ ਇਤਰਾਜ਼ ਨੂੰ ਖ਼ਤਮ ਕਰ ਦਿੱਤੇ ਜਾਣ ਤੋਂ ਬਾਅਦ ਮੰਗਲਵਾਰ ਨੂੰ ਸ਼ੁਰੂ ਹੋਈ ਨਾਟੋ ਦੀ ਸਿਖਰਵਾਰਤਾ ਦੌਰਾਨ ਮਾਹੌਲ ਕਾਫੀ ਖੁਸ਼ਨੁਮਾ ਹੋ ਗਿਆ। ਹੁਣ ਸਵੀਡਨ ਦੇ ਨਾਟੋ ਵਿੱਚ ਸ਼ਾਮਲ ਹੋਣ ਦਾ ਰਾਹ ਪੱਧਰਾ ਹੋ ਗਿਆ ਹੈ। ਪੱਛਮੀ ਆਗੂ ਇਹ ਕਦਮ ਚੁੱਕ ਕੇ ਯੂਕਰੇਨ ਉੱਤੇ ਚੜ੍ਹਾਈ ਕਰਨ ਵਾਲੇ ਰੂਸ ਸਾਹਮਣੇ ਆਪਣੀ ਏਕਤਾ ਦਾ ਮੁਜ਼ਾਹਰਾ ਕਰਨਾ ਚਾਹੁੰਦੇ ਸਨ।



ਤੁਰਕੀ ਦੇ ਰਾਸ਼ਟਰਪਤੀ ਰੈਸੇਪ ਤਯੱਪ ਅਰਡੋਗਨ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਤੇ ਸਵੀਡਨ ਦੇ ਨਾਟੋ ਵਿੱਚ ਸ਼ਾਮਲ ਹੋਣ ਨਾਲ ਲਿਥੁਆਨੀਆ ਦੀ ਰਾਜਧਾਨੀ ਵਿਲਨੀਅਸ ਵਿੱਚ ਤਣਾਅ ਘੱਟ ਜਾਵੇਗਾ।ਕਈ ਦਿਨਾਂ ਤੋਂ ਲਗਾਤਾਰ ਚੱਲ ਰਹੀਆਂ ਮੀਟਿੰਗਾਂ ਤੋਂ ਬਾਅਦ ਇਸ ਡੀਲ ਨੂੰ ਸਿਰੇ ਚੜ੍ਹਾਉਣ ਵਿੱਚ ਕਾਮਯਾਬੀ ਮਿਲੀ। ਇਸ ਨਾਲ ਉੱਤਰੀ ਯੂਰਪ ਵਿੱਚ ਨਾਟੋ ਗੱਠਜੋੜ ਹੋਰ ਮਜ਼ਬੂਤ ਹੋਵੇਗਾ।

ਇਸ ਡੀਲ ਦੇ ਹਿੱਸੇ ਵਜੋਂ ਅਰਡੋਗਨ ਨੇ ਆਖਿਆ ਕਿ ਉਹ ਤੁਰਕੀ ਦੀ ਪਾਰਲੀਆਮੈਂਟ ਨੂੰ ਸਵੀਡਨ ਦੇ ਨਾਟੋ ਸੈਨਾਵਾਂ ਵਿੱਚ ਸ਼ਾਮਲ ਹੋਣ ਦੇ ਉਨ੍ਹਾਂ ਦੇ ਫੈਸਲੇ ਉੱਤੇ ਮੋਹਰ ਲਾਵੇ।ਜ਼ਿਕਰਯੋਗ ਹੈ ਕਿ ਹੰਗਰੀ ਦੇ ਪ੍ਰਧਾਨ ਮੰਤਰੀ ਵਿਕਟਰ ਓਰਬਨ, ਜਿਨ੍ਹਾਂ ਵੱਲੋਂ ਸਵੀਡਨ ਦੇ ਨਾਟੋ ਵਿੱਚ ਸ਼ਾਮਲ ਹੋਣ ਉੱਤੇ ਇਤਰਾਜ਼ ਪ੍ਰਗਟਾਇਆ ਗਿਆ ਹੈ, ਵੱਲੋਂ ਵੀ ਇਸ ਤਰ੍ਹਾਂ ਦਾ ਕਦਮ ਚੁੱਕੇ ਜਾਣ ਦੀ ਸੰਭਾਵਨਾ ਹੈ।ਇਸ ਫੈਸਲੇ ਨੂੰ ਇਤਿਹਾਸਕ ਤੇ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਦੀ ਜਿੱਤ ਦੱਸਿਆ ਜਾ ਰਿਹਾ ਹੈ।

# ਇੱਕ ਘਰ ਵਿੱਚ ਲੱਗੀ ਅੱਗ ਤੋਂ ਬਾਅਦ ਦੋ ਵਿਅਕਤੀਆਂ ਨੂੰ ਲਿਜਾਇਆ ਗਿਆ ਹਸਪਤਾਲ



ਮਿਸੀਸਾਗਾ, 11 ਜੁਲਾਈ (ਪੋਸਟ ਬਿਊਰੋ) : ਰਾਤ ਸਮੇਂ ਮਿਸੀਸਾਗਾ ਵਿੱਚ ਇੱਕ ਘਰ ਵਿੱਚ ਲੱਗੀ ਅੱਗ ਕਾਰਨ ਦੋ ਵਿਅਕਤੀ ਜ਼ਖ਼ਮੀ ਹੋ ਗਏ ਤੇ ਉਨਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਅੱਗ ਸੋਮਵਾਰ ਤੇ ਮੰਗਲਵਾਰ ਦੀ ਦਰਮਿਆਨੀ ਰਾਤ ਨੂੰ 1:00 ਵਜੇ 5132 ਫੌਰੈਸਟ ਹਿੱਲ ਡਰੇਲ ਉੱਤੇ ਸਥਿਤ ਇੱਕ ਘਰ ਵਿੱਚ ਲੱਗੀ।ਇਹ ਘਰ ਐਗਲਿੰਟਨ ਐਵਨਿਊ ਵੈਸਟ ਤੇ ਮਿਸੀਸਾਗਾ ਰੋਡ ਦੇ ਪੱਛਮ ਵਿੱਚ ਸਥਿਤ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਿਸੀਸਾਗਾ ਫਾਇਰ ਐਂਡ ਐਮਰਜੰਸੀ ਸਰਵਿਸਿਜ਼ ਦੀ ਚੀਫ ਡੈਰਿਨ ਰਿਜ਼ੀ ਨੇ ਆਖਿਆ ਕਿ ਘਰ ਵਿੱਚ ਰਹਿਣ ਵਾਲੇ ਲੋਕਾਂ ਨੇ ਅੱਗ ਲੱਗਣ ਦਾ ਪਤਾ ਲੱਗਣ ਉੱਤੇ ਉਨ੍ਹਾਂ ਵੱਲੋਂ ਆਪਣੇ ਆਪ ਘਰ ਖਾਲੀ ਕਰ ਦਿੱਤਾ ਗਿਆ ਤੇ 911 ਨੂੰ ਵੀ ਕਾਲ ਕੀਤਾ।

ਉਨ੍ਹਾਂ ਦੱਸਿਆ ਕਿ ਮੌਕੇ ਉੱਤੇ ਪਹੁੰਚੇ ਫਾਇਰਫਾਈਟਰਜ਼ ਨੇ ਜਦੋਂ ਘਰ ਦਾ ਦਰਵਾਜ਼ਾ ਖੋਲ੍ਹਿਆ ਤਾਂ ਉਨ੍ਹਾਂ ਨੂੰ ਫਰਸ਼ ਤੋਂ ਲੈ ਕੇ ਛੱਤ ਤੱਕ ਧੂੰਆਂ ਹੀ ਧੂੰਆਂ ਨਜ਼ਰ ਆ ਰਿਹਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਅਮਲੇ ਦੇ ਤਿੰਨ ਮੈਂਬਰ ਘਰ ਵਿੱਚ ਦਾਖਲ ਹੋਏ। ਜਿਨ੍ਹਾਂ ਵਿੱਚੋਂ ਦੋ ਹੇਠਲੀ ਮੰਜ਼ਿਲ ਉੱਤੇ ਹੀ ਰਹੇ ਜਦਕਿ ਤੀਜਾ ਦੂਜੀ ਮੰਜ਼ਿਲ ਉੱਤੇ ਗਿਆ ਪਰ ਉੱਥੇ ਤਪਿਸ਼ ਬਹੁਤ ਜ਼ਿਆਦਾ ਸੀ ਤੇ ਚਾਰੇ ਪਾਸੇ ਧੂੰਏਂ ਕਾਰਨ ਘੁੱਪ ਹਨੇ੍ਹਰਾ ਸੀ।

ਰਿਜ਼ੀ ਨੇ ਦੱਸਿਆ ਕਿ ਉਨ੍ਹਾਂ ਨੂੰ ਘਰ ਦੇ ਅੰਦਰ ਕੁੱਝ ਨਜ਼ਰ ਨਹੀਂ ਆ ਰਿਹਾ ਸੀ ਤੇ ਅੱਗ ਕਾਰਨ ਇੱਕ ਪਾਸੇ ਦੀਆਂ ਪੌੜੀਆਂ ਵੀ ਸੜ ਗਈਆਂ। ਉਨ੍ਹਾ ਆਖਿਆ ਕਿ ਅੱਗ ਨਾਲ ਜੂਝ ਰਹੇ ਫਾਇਰਫਾਈਟਰਜ਼ ਨੂੰ ਘਰ ਦੀ ਛੱਤ ਡਿੱਗਣ ਦਾ ਵੀ ਡਰ ਬਣਿਆ ਹੋਇਆ ਸੀ।ਪੀਲ ਪੈਰਾਮੈਡਿਕਸ ਵੱਲੋਂ ਪਹਿਲਾਂ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ। ਇੱਕ ਗੁਆਂਢੀ ਦੀ ਵੀ ਮੌਕੇ ਉੱਤੇ ਜਾਂਚ ਕੀਤੀ ਗਈ ਪਰ ਫਿਰ ਬਾਅਦ ਵਿੱਚ ਉਸ ਨੂੰ ਵੀ ਅਗਲੇ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਅਹਿਤਿਆਤਨ ਨੇੜਲੇ ਘਰਾਂ ਨੂੰ ਵੀ ਖਾਲੀ ਕਰਵਾ ਲਿਆ ਗਿਆ ਹੈ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਉਣ ਲਈ ਜਾਂਚ ਕੀਤੀ ਜਾ ਰਹੀ ਹੈ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਟੀ.ਪੀ.ਏ.ਆਰ. ਕਲੱਬ ਦਾ ਸਰਗ਼ਰਮ ਮੈਂਬਰ ਹਰਜੀਤ ਸਿੰਘ ਬਣਿਆ 'ਹਾਫ਼-ਆਇਰਨਮੈਨ'

ਬਰੈਂਪਟਨ, (ਡਾ. ਝੰਡ): 'ਹਾਫ਼-ਆਇਰਨਮੈਨ', ਭਾਵ ਅੱਧਾ 'ਲੋਹੇ ਦਾ ਆਦਮੀ'। ਕਿੰਨਾ ਵਚਿੱਤਰ ਲੱਗਦਾ ਹੈ, ਇਹ ਵੇਖਣਾ ਤੇ ਸੁਣਨਾ। ਜੀ ਹਾਂ, ਇਹ ਬਿਲਕੁਲ ਵੱਖਰਾ ਅਤੇ ਅਜੀਬ ਜਿਹਾ ਹੀ ਲੱਗਦਾ ਹੈ। ਇਹ ਇੱਕ ਸਖ਼ਤ ਮੁਕਾਬਲੇ ਦਾ ਨਾਂ ਹੈ ਜਿਸ ਦੇ ਤਿੰਨ ਵੱਖੋ-ਵੱਖਰੇ ਪੜਾਅ ਹਨ ਅਤੇ ਇਸ ਵਿਚ ਭਾਗ ਲੈਣ ਵਾਲਿਆਂ ਨੂੰ ਕੁਲ 70.3 ਮੀਲ (106 ਕਿਲੋਮੀਟਰ) ਦਾ ਲੰਮਾ ਪੈਂਡਾ ਤੈਅ ਕਰਨਾ ਪੈਂਦਾ ਹੈ।








## ਨਿਊਯਾਰਕ ਨੇੜੇ ਜੀਨੇਵਾ ਵਿਖੇ ਹੋਏ ਮੁਕਾਬਲੇ ਵਿਚ ਦਿੱਤਾ ਗਿਆ ਜੇਤੂ ਕਰਾਰ

ਪਹਿਲਾ ਪੜਾਅ ਨਦੀ ਵਿੱਚ 1.2 ਮੀਲ (1.9 ਕਿਲੋਮੀਟਰ) ਤੈਰਨ ਦਾ, ਦੂਸਰਾ 56 ਮੀਲ (91.1 ਕਿਲੋਮੀਟਰ) ਤੇਜ਼ ਬਾਈਸਾਈਕਲ ਚਲਾਉਣ ਦਾ ਅਤੇ ਤੀਸਰਾ 13.1 ਮੀਲ (21.1 ਕਿਲੋਮੀਟਰ) ਤੇਜ਼ ਦੌੜਨ ਦਾ ਹੁੰਦਾ ਹੈ। ਤੈਰਨ ਵਾਲੇ ਪਹਿਲੇ ਮਰਹਲੇ ਲਈ ਸਮਾਂ ਨਿਸ਼ਚਿਤ ਹੈ ਅਤੇ ਜਿਹੜੇ ਸ਼ਖ਼ਸ ਇਸ ਸਮੇਂ ਦੇ ਅੰਦਰ-ਅੰਦਰ ਨਦੀ ਪਾਰ ਕਰ ਲੈਂਦੇ ਹਨ, ਓਹੀ ਦੂਸਰੇ ਪੜਾਅ ਵਿੱਚ ਦਾਖ਼ਲ ਹੋ ਸਕਦੇ ਹਨ। ਏਸੇ ਤਰ੍ਹਾਂ ਤੀਸਰੇ ਪੜਾਅ ਵਿੱਚ ਦਾਖ਼ਲ ਹੋਣ ਲਈ ਸਾਈਕਲਿੰਗ ਵਾਲੇ ਦੂਸਰੇ ਮਰਹਲੇ ਨੂੰ ਵੀ ਨਿਸ਼ਚਿਤ ਸਮੇਂ ਵਿੱਚ ਪਾਰ ਕਰਨਾ ਜ਼ਰੂਰੀ ਹੁੰਦਾ ਹੈ।

ਅਮਰੀਕਾ ਦੇ ਮਹਾਂਨਗਰ ਨਿਊਯਾਰਕ ਦੇ ਨੇੜੇ ਜੀਨੇਵਾ ਵਿਖੇ ਐਤਵਾਰ 9 ਜੁਲਾਈ ਹੋਏ ਇਸ 'ਹਾਫ਼ ਆਇਰਨਮੈਨ' ਦੇ ਸਖ਼ਤ ਮੁਕਾਬਲੇ ਵਿੱਚ ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ (ਟੀ.ਪੀ.ਏ.ਆਰ. ਕਲੱਬ) ਦੇ ਸਰਗ਼ਰਮ ਮੈਂਬਰ ਹਰਜੀਤ ਸਿੰਘ ਲੋਚਮ ਨੇ ਲੱਗਭੱਗ 3,000 ਲੋਹੇ ਵਾਂਗ ਸਖ਼ਤ ਜਿਸਮਾਂ ਵਾਲੇ ਵਿਅੱਕਤੀਆਂ ਦੇ ਨਾਲ ਭਾਗ ਲਿਆ ਅਤੇ ਉਹ ਇਸ ਦੇ ਤਿੰਨੇ ਪੜਾਅ ਸਫ਼ਲਤਾ ਪੂਰਵਕ ਪਾਰ ਕਰਕੇ ਈਵੈਂਟ ਦੇ ਪ੍ਰਬੰਧਕਾਂ ਵੱਲੋਂ 'ਹਾਫ਼-ਆਇਰਨਮੈਨ' ਗਰਦਾਨਿਆਂ ਗਿਆ।

ਇਸ ਪੱਤਰਕਾਰ ਨਾਲ ਫ਼ੋਨ 'ਤੇ ਗੱਲਬਾਤ ਕਰਦੇ ਹੋਏ ਹਰਜੀਤ ਲੋਚਮ ਨੇ ਦੱਸਿਆ ਕਿ ਇਹ ਮੁਕਾਬਲਾ ਸਵੇਰੇ ਸਵਾ ਛੇ ਵਜੇ ਆਰੰਭ ਹੋਇਆ ਇਸ ਦੇ ਤਿੰਨੇ ਪੜਾਅ ਪਾਰ ਕਰਦਿਆਂ ਉਸ ਨੂੰ ਲੱਗਭੱਗ ਸਾਢੇ ਅੱਠ ਘੰਟੇ ਲੱਗ ਗਏ। ਤੈਰਨ ਵਾਲਾ ਪਹਿਲਾ ਪੜਾਅ ਉਸ ਨੇ ਇੱਕ ਘੰਟਾ 4 ਮਿੰਟ 42 ਸਕਿੰਟਾਂ ਵਿਚ ਪਾਰ ਕੀਤਾ, ਸਾਈਕਲਿੰਗ ਵਾਲੇ ਦੂਸਰੇ ਪੜਾਅ ਨੇ 3 ਘੰਟੇ 53 ਮਿੰਟ 56 ਸਕਿੰਟ ਦਾ ਸਮਾ ਲਿਆ ਅਤੇ ਅਖੀਰਲਾ ਦੌੜਨ ਵਾਲਾ ਉਸ ਦਾ ਤੀਸਰਾ ਪੜਾਅ 2 ਘੰਟੇ 55 ਮਿੰਟ 11 ਸਕਿੰਟ ਦਾ ਸੀ। ਹਰਜੀਤ ਸਿੰਘ ਦੀ ਇੱਛਾ ਹੈ ਕਿ ਟੀ.ਪੀ.ਏ.ਆਰ. ਕਲੱਬ ਅਤੇ ਹੋਰ ਖੇਡ ਕਲੱਬਾਂ ਦੇ ਨੌਜੁਆਨ ਇਸ 'ਹਾਫ਼-ਆਇਰਨਮੈਨ' ਮੁਕਾਬਲੇ ਲਈ ਆਪਣੇ ਆਪ ਨੂੰ ਤਿਆਰ ਕਰਨ ਅਤੇ ਇਸ ਵਿਚ ਸਰਗ਼ਰਮੀ ਨਾਲ ਭਾਗ ਲੈ ਕੇ ਕਮਿਊਨਿਟੀ ਦਾ ਨਾਂ ਰੌਸ਼ਨ ਕਰਨ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਵੀ ਉਸ ਨੇ ਆਪਣੇ ਸਾਥੀ ਕੁਲਦੀਪ ਗਰੇਵਾਲ ਨਾਲ ਇਸ ਮੁਕਾਬਲੇ ਵਿੱਚ ਹਿੱਸਾ ਲਿਆ ਸੀ ਪਰ ਉਹ ਇਸ ਵਿਚ ਸਫ਼ਲ ਨਹੀਂ ਹੋ ਸਕੇ ਸਨ। ਇਸ ਵਾਰ ਪ੍ਰਮਾਤਮਾ ਨੇ ਉਸ ਨੂੰ ਸਫ਼ਲਤਾ ਬਖ਼ਸ਼ੀ ਹੈ ਅਤੇ ਇਸ ਦੇ ਲਈ ਉਹ ਉਸ ਮਾਲਕ ਦਾ ਧੰਨਵਾਦ ਅਤੇ ਸ਼ੁਕਰਾਨਾ ਕਰਦਾ ਹੈ। ਕੁਲਦੀਪ ਗਰੇਵਾਲ ਨੇ ਵੀ ਇਸ ਵਾਰੀ ਉਸ ਦੇ ਨਾਲ ਫਿਰ ਭਾਗ ਲਿਆ ਸੀ ਪਰ ਕਿਸੇ ਕਾਰਨ ਉਹ ਕਾਮਯਾਬ ਨਹੀਂ ਹੋ ਸਕਿਆ। ਉਹ ਦੋਵੇਂ ਅਗਲੀ ਵਾਰ ਫਿਰ ਇਸ ਮੁਕਾਬਲੇ ਵਿਚ ਸਫ਼ਲਤਾ ਪੂਰਵਕ ਭਾਗ ਲੈਣ ਦੇ ਆਸਵੰਦ ਹਨ।

ਟੀ.ਪੀ.ਏ.ਆਰ. ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਹਰਜੀਤ ਸਿੰਘ ਨੂੰ ਉਸ ਦੀ ਇਸ ਵੱਡੀ ਸਫ਼ਲਤਾ 'ਤੇ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਕੁਲਦੀਪ ਗਰੇਵਾਲ ਨੂੰ ਅਗਲੀ ਵਾਰ ਇਸ ਮੁਕਾਬਲੇ ਵਿੱਚ ਕਾਮਯਾਬ ਹੋਣ ਲਈ ਸ਼ੁਭ-ਕਾਮਨਾਵਾਂ ਦਿੱਤੀਆਂ ਜਾ ਰਹੀਆਂ ਹਨ। ਆਉਂਦੇ ਐਤਵਾਰ 16 ਜੁਲਾਈ ਨੂੰ ਚਿੰਗੁਆਕੂਜ਼ੀ ਪਾਰਕ ਦੇ ਟੈਰੀਫ਼ਾਕਸ ਟਰੈਕ ਵਿੱਚ ਹੋ ਰਹੇ 'ਇੰਸਪੀਰੇਸ਼ਨਲ ਸਟੈੱਪਸ-2023 ਦੌਰਾਨ ਇਸ ਈਵੈਂਟ ਦੇ ਪ੍ਰਬੰਧਕਾਂ ਵੱਲੋਂ ਇਸ ਸਖ਼ਤ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਇਨ੍ਹਾਂ ਦੋਹਾਂ 'ਲੋਹ-ਪੁਰਸ਼ਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ।

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd, Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੈ।

# ਨੇਪਾਲ ਵਿਚ ਹੈਲੀਕਾਪਟਰ ਹਾਦਸਾਗ੍ਰਸਤ, ਪਾਇਲਟ ਸਮੇਤ 6 ਲੋਕਾਂ ਦੀ ਹੋਈ ਮੌਤ

ਕਾਠਮਾਂਡੂ, 11 ਜੁਲਾਈ (ਪੋਸਟ ਬਿਊਰੋ): ਨੇਪਾਲ ਵਿਚ ਮੰਗਲਵਾਰ ਨੂੰ ਲਾਪਤਾ ਹੋਏ ਹੈਲੀਕਾਪਟਰ ਦਾ ਮਲਬਾ ਬਰਾਮਦ ਕਰ ਲਿਆ ਗਿਆ ਹੈ। ਹਿਮਾਲੀਅਨ ਟਾਈਮਜ਼ ਮੁਤਾਬਕ ਮਲਬੇ ਦੇ ਨੇੜੇ ਤੋਂ ਛੇ ਲਾਸ਼ਾਂ ਵੀ ਬਰਾਮਦ ਹੋਈਆਂ ਹਨ। ਇਹ ਮਲਬਾ ਲਿੱਖੂ ਪੀਕੇ ਪਿੰਡ ਅਤੇ ਦੁਧਕੁੰਡਾ ਨਗਰ, ਜਿਸ ਨੂੰ ਲਾਮਾਜੁਰਾ ਡੰਡਾ ਵੀ ਕਿਹਾ ਜਾਂਦਾ ਹੈ, ਦੀ ਸਰਹੱਦ ਨੇੜੇ ਮਿਲਿਆ ਹੈ। ਇਸ ਸਬੰਧੀ ਪਿੰਡ ਵਾਸੀਆਂ ਨੇ ਅਧਿਕਾਰੀਆਂ ਨੂੰ ਸੂਚਿਤ ਕੀਤਾ।



ਰਿਪੋਰਟਾਂ ਮੁਤਾਬਕ ਹੈਲੀਕਾਪਟਰ ਨੂੰ ਸੀਨੀਅਰ ਕੈਪਟਨ ਛੇਤ ਗੁਰੂੰਗ ਉਡਾ ਰਹੇ ਸਨ। ਜਹਾਜ਼ ਵਿੱਚ ਮੈਕਸੀਕੋ ਦੇ 5 ਨਾਗਰਿਕ ਸਵਾਰ ਸਨ। ਜਾਣਕਾਰੀ ਮੁਤਾਬਕ ਪਿੰਡ ਦੇ ਲੋਕਾਂ ਨੇ ਦੱਸਿਆ ਕਿ ਕਰੈਸ਼ ਹੋਣ ਤੋਂ ਤੁਰੰਤ ਬਾਅਦ ਹੈਲੀਕਾਪਟਰ ਵਿੱਚ ਧਮਾਕਾ ਹੋ ਗਿਆ ਅਤੇ ਉਸ ਵਿੱਚ ਅੱਗ ਲੱਗ ਗਈ। ਇਸ ਤੋਂ ਪਹਿਲਾਂ ਮੰਗਲਵਾਰ ਸਵੇਰੇ ਹੈਲੀਕਾਪਟਰ ਮਾਊਂਟ ਐਵਰੈਸਟ ਨੇੜੇ ਲਾਪਤਾ ਹੋ ਗਿਆ ਸੀ। ਨੇਪਾਲ ਦੇ ਹਵਾਬਾਜ਼ੀ ਅਧਿਕਾਰੀਆਂ ਮੁਤਾਬਕ ਮਨੰਗ ਏਅਰ ਹੈਲੀਕਾਪਟਰ ਨੇ ਸਵੇਰੇ 10:04 ਵਜੇ ਸੁਕਰੀ ਤੋਂ ਕਾਠਮੰਡੂ ਲਈ ਉਡਾਨ ਭਰੀ।

ਨੇਪਾਲ ਸਿਵਲ ਐਵੀਏਸ਼ਨ ਅਥਾਰਟੀ ਦੇ ਅਧਿਕਾਰੀ ਗਿਆਨੇਂਦਰ ਭੁਲ ਨੇ ਦੱਸਿਆ ਕਿ ਹੈਲੀਕਾਪਟਰ ਦਾ ਟੇਕ ਆਫ ਦੇ 10 ਮਿੰਟ ਬਾਅਦ ਸਵੇਰੇ 10:13 ਵਜੇ ਕੰਟਰੋਲ ਟਾਵਰ ਨਾਲ ਸੰਪਰਕ ਟੁੱਟ ਗਿਆ ਅਤੇ ਰਾਡਾਰ ਤੋਂ ਗਾਇਬ ਹੋ ਗਿਆ। ਹਾਲਾਂਕਿ ਹੈਲੀਕਾਪਟਰ ਦੇ ਕਰੈਸ਼ ਹੋਣ ਦੇ ਕਾਰਨ ਦੀ ਜਾਣਕਾਰੀ ਅਜੇ ਸਾਹਮਣੇ ਨਹੀਂ ਆਈ ਹੈ।

ਜਿਸ ਸਮੇਂ ਹੈਲੀਕਾਪਟਰ ਨਾਲ ਸੰਪਰਕ ਟੁੱਟ ਗਿਆ, ਉਹ 12,000 ਫੁੱਟ ਦੀ ਉਚਾਈ 'ਤੇ ਉੱਡ ਰਿਹਾ ਸੀ। ਬਚਾਅ ਮਿਸ਼ਨ ਅਤੇ ਲਾਪਤਾ ਹੈਲੀਕਾਪਟਰ ਦਾ ਪਤਾ ਲਗਾਉਣ ਲਈ ਇੱਕ ਉੱਚਾਈ ਹੈਲੀਕਾਪਟਰ ਨੂੰ ਰਵਾਨਾ ਕੀਤਾ ਗਿਆ ਸੀ। ਲਾਪਤਾ ਹੈਲੀਕਾਪਟਰ ਦੀ ਆਖਰੀ ਲੋਕੇਸ਼ਨ ਲਾਮਜੁਰਾ ਪਾਸ ਕੋਲ ਦੱਸੀ ਗਈ ਸੀ।

# ਮੁੱਖ ਸਕੱਤਰ ਨੇ ਲਗਾਤਾਰ ਮੀਂਹ ਕਾਰਨ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਕੀਤੇ ਪ੍ਰਬੰਧਾਂ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ

## ਲੋਕਾਂ ਨੂੰ ਸੁਰੱਖਿਅਤ ਕੱਢਣ, ਖਾਣ-ਪੀਣ ਅਤੇ ਰਹਿਣ ਦੇ ਬਦਲਵੇਂ ਪ੍ਰਬੰਧ ਜੰਗੀ ਪੱਧਰ 'ਤੇ ਕਰਨ ਦੇ ਨਿਰਦੇਸ਼

ਚੰਡੀਗੜ੍ਹ, 11 ਜੁਲਾਈ (ਪੋਸਟ ਬਿਊਰੋ): ਪਿਛਲੇ ਕੁਝ ਦਿਨਾਂ ਤੋਂ ਸੂਬੇ ਭਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਪਏ ਲਗਾਤਾਰ ਤੇ ਭਾਰੀ ਮੀਂਹ ਕਾਰਨ ਸੂਬੇ ਵਿੱਚ ਪੈਦਾ ਹੋਈ ਸਥਿਤੀ 'ਤੇ ਨਿਰੰਤਰ ਨਜ਼ਰਸਾਨੀ ਰੱਖਣ ਅਤੇ ਰਾਹਤ ਕਾਰਜਾਂ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਹੇਠਲੇ ਪੱਧਰ ਉਤੇ ਚਲਾਉਣ ਲਈ ਮੁੱਖ ਸਕੱਤਰ ਅਨੁਰਾਗ ਵਰਮਾ ਵੱਲੋਂ ਮੰਗਲਵਾਲ ਨੂੰ ਲਗਾਤਾਰ ਦੂਜੇ ਦਿਨ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਅਤੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀਜ਼ ਤੋਂ ਮੌਜੂਦਾ ਸਥਿਤੀ ਦੀ ਰਿਪੋਰਟ ਲਈ ਗਈ।



ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬਾ ਵਾਸੀਆਂ ਨੂੰ ਹਰ ਤਰਾਂ ਮੱਦਦ ਮੁਹੱਈਆ ਕਰਨ ਦੇ ਦਿੱਤੇ ਨਿਰਦੇਸ਼ਾਂ ਉਤੇ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਦਾ ਵੀ ਮੀਟਿੰਗ ਵਿੱਚ ਜਾਇਜ਼ਾ ਲਿਆ। ਫੀਲਡ ਵਿੱਚ ਤਾਇਨਾਤ ਕੈਬਨਿਟ ਮੰਤਰੀ, ਵਿਧਾਇਕ ਤੇ ਜਨਤਕ ਨੁਮਾਇੰਦੇ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਲੋਕਾਂ ਨੂੰ ਰਾਹਤ ਦੇਣ ਲਈ ਜੁਟੇ ਹੋਏ ਹਨ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਏ ਵੇਣੂ ਪ੍ਰਸਾਦ, ਡੀ.ਜੀ.ਪੀ. ਗੌਰਵ ਯਾਦਵ ਅਤੇ ਸੈਨਾ ਅਤੇ ਐਨ.ਡੀ.ਆਰ.ਐਫ. ਦੇ ਨੁਮਾਇੰਦੇ ਵੀ ਹਾਜ਼ਰ ਸਨ।

ਮੁੱਖ ਸਕੱਤਰ ਨੇ ਜ਼ਿਲਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਜਿੱਥੇ ਵੀ ਨੀਵੇਂ ਥਾਂ ਜਾਂ ਪਾਣੀ ਭਰਨ ਕਰਕੇ ਲੋਕ ਫਸੇ ਹੋਏ ਹਨ, ਉਨ੍ਹਾਂ ਨੂੰ ਸੁਰੱਖਿਅਤ ਕੱਢਣ ਅਤੇ ਉਨਾਂ ਲਈ ਖਾਣ-ਪੀਣ ਅਤੇ ਰਹਿਣ ਦੇ ਬਦਲਵੇਂ ਪ੍ਰਬੰਧਾਂ ਨੂੰ ਜੰਗੀ ਪੱਧਰ 'ਤੇ ਕੀਤਾ ਜਾਵੇ। ਲੋਕਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਉਨ੍ਹਾਂ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਲਈ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਉਹ ਸਹੂਲਤ ਦਾ ਫਾਇਦਾ ਉਠਾ ਸਕਣ। ਲੋਕਾਂ ਦੀ ਜਾਨ ਦੀ ਰੱਖਿਆ ਸਭ ਤੋਂ ਪ੍ਰਮੁੱਖ ਤਰਜੀਹ ਹੈ।

ਅਨੁਰਾਗ ਵਰਮਾ ਨੇ ਅੱਗੇ ਕਿਹਾ ਕਿ ਅਸਰੁੱਖਿਅਤ ਇਮਾਰਤਾਂ ਦੀ ਤੁਰੰਤ ਸ਼ਨਾਖਤ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ। ਉਨ੍ਹਾਂ ਜ਼ਿਲ੍ਹਾ ਵਾਰ ਡੀ.ਸੀਜ਼ ਤੋਂ ਲੋੜੀਂਦੀ ਮੱਦਦ ਦੀ ਜਾਣਕਾਰੀ ਵੀ ਹਾਸਲ ਕੀਤੀ ਅਤੇ ਆਖਿਆ ਕਿ ਜ਼ਿਲ੍ਹਿਆਂ ਨੂੰ ਜ਼ਰੂਰਤ ਮੁਤਾਬਕ ਐਨ.ਡੀ.ਆਰ.ਐਫ. ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਮੌਜੂਦਾ ਸਮੇਂ ਰੂਪਨਗਰ ਜ਼ਿਲੇ ਵਿੱਚ ਪੰਜ, ਐਸ.ਏ.ਐਸ.ਨਗਰ ਵਿੱਚ ਤਿੰਨ, ਪਟਿਆਲਾ ਵਿੱਚ ਦੋ ਅਤੇ ਜਲੰਧਰ, ਫਤਹਿਗੜ੍ਹ ਸਾਹਿਬ ਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਇਕ-ਇਕ ਟੀਮ ਤਾਇਨਾਤ ਹੈ। ਕਪੂਰਥਲਾ, ਤਰਨ ਤਾਰਨ ਜ਼ਿਲ੍ਹਿਆਂ ਵੱਲੋਂ ਐਨ.ਡੀ.ਆਰ.ਐਫ. ਦੀ ਇਕ-ਇਕ ਟੀਮ ਤਾਇਨਾਤ ਕਰਨ ਦੀ ਮੰਗ ਕੀਤੀ ਗਈ। ਇਸੇ ਤਰ੍ਹਾਂ ਪਾਣੀ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਰਾਹਤ ਦੇਣ ਲਈ ਕਿਸ਼ਤੀਆਂ, ਲਾਈਫ ਜੈਕੇਟਾਂ, ਪਾਣੀ ਕੱਢਣ ਵਾਲੀਆਂ ਮਸ਼ੀਨਾਂ ਅਤੇ ਖਾਣ ਵਾਲੇ ਪੈਕੇਟਾਂ ਦੀ ਲੋੜ ਪੁੱਛੀ ਗਈ।

ਮੁੱਖ ਸਕੱਤਰ ਨੇ ਸਿਹਤ ਵਿਭਾਗ ਨੂੰ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਕਰਨ ਲਈ ਕਿਹਾ ਅਤੇ ਦਵਾਈਆਂ ਦੀ ਕੋਈ ਘਾਟ ਨਾ ਰਹਿਣ ਦਿੱਤੀ ਜਾਵੇ। ਜਲ ਸਪਲਾਈ ਵਿਭਾਗ ਨੂੰ ਲੋਕਾਂ ਲਈ ਢੁੱਕਵਾਂ ਪੀਣ ਵਾਲਾ ਪਾਣੀ ਮੁਹੱਈਆ ਕਰਨ ਲਈ ਆਖਿਆ। ਪਸ਼ੂ ਪਾਲਣ ਵਿਭਾਗ ਨੂੰ ਨਿਰਦੇਸ਼ ਦਿੱਤੇ ਗਏ ਕਿ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ ਦੇ ਟਾਕਰੇ ਲਈ ਫੀਲਡ ਸਟਾਫ ਨੂੰ ਸਰਗਰਮ ਕੀਤਾ ਜਾਵੇ। ਸਥਾਨਕ ਸਰਕਾਰਾਂ ਵਿਭਾਗ ਨੂੰ ਫੌਗਿੰਗ ਤੇ ਸਪਰੇਅ ਦੇ ਪ੍ਰਬੰਧ ਕਰਨ ਲਈ ਆਖਿਆ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨੇ ਦੱਸਿਆ ਕਿ ਸਮੂਹ ਸਟਾਫ ਪਿੰਡਾਂ ਵਿੱਚ ਨਿਰੰਤਰ ਤਾਇਨਾਤ ਰਹਿ ਕੇ ਲੋਕਾਂ ਦੀ ਮੱਦਦ ਕੀਤੀ ਜਾ ਰਹੀ ਹੈ। ਬਿਜਲੀ ਵਿਭਾਗ ਵੱਲੋਂ ਦੱਸਿਆ ਗਿਆ ਕਿ ਜਿੱਥੇ ਵੀ ਕਿਤੇ ਬਿਜਲੀ ਸਪਲਾਈ ਪ੍ਰਭਾਵਿਤ ਹੋਈ ਹੈ, ਉਸ ਨੂੰ ਤੁਰੰਤ ਠੀਕ ਕਰਕੇ ਬਹਾਲ ਕੀਤੀ ਜਾਵੇ।

ਇਸ ਤੋਂ ਪਹਿਲਾਂ ਜਲ ਸਰੋਤ ਵਿਭਾਗ ਵੱਲੋਂ ਦਿੱਤੀ ਜਾਣਕਾਰੀ ਵਿੱਚ ਦੱਸਿਆ ਗਿਆ ਕਿ ਭਾਖੜਾ ਡੈਮ ਵਿੱਚ ਇਸ ਵਾਲੇ ਪਾਣੀ ਦਾ ਪੱਧਰ 1624.14 ਫੁੱਟ ਹੈ ਜਦੋਂ ਕਿ ਸਮਰੱਥਾ 1680 ਫੁੱਟ ਹੈ। ਪੌਂਗ ਡੈਮ ਵਿੱਚ ਪਾਣੀ ਦਾ ਪੱਧਰ 1360.04 ਫੁੱਟ ਹੈ ਜਦੋਂ ਕਿ ਸਮਰੱਥਾ 1390 ਫੁੱਟ ਹੈ ਅਤੇ ਰਣਜੀਤ ਸਾਗਰ ਡੈਮ ਵਿੱਚ ਪਾਣੀ ਦਾ ਪੱਧਰ 1712.64 ਫੁੱਟ ਹੈ ਜਦੋਂ ਕਿ ਸਮਰੱਥਾ 1731.99 ਫੁੱਟ ਹੈ। ਸਤਲੁਜ, ਬਿਆਸ, ਰਾਵੀ ਤੇ ਘੱਗਰ ਦਰਿਆਵਾਂ ਵਿੱਚ ਪਾਣੀ ਦੇ ਪੱਧਰ ਦੀ ਮੌਜੂਦਾ ਸਥਿਤੀ ਤੋਂ ਜਾਣੂੰ ਕਰਵਾਇਆ ਗਿਆ। ਇਹ ਵੀ ਦੱਸਿਆ ਗਿਆ ਕਿ ਸਤਲੁਜ ਦਰਿਆ 'ਤੇ ਧੁੱਸੀ ਬੰਨ੍ਹ ਵਿੱਚ ਦੋ ਥਾਵਾਂ ਉਤੇ ਪਾਏ ਪਾੜ ਨੂੰ ਪੂਰਿਆ ਗਿਆ ਹੈ।

ਮੀਟਿੰਗ ਵਿੱਚ ਮੌਸਮ ਵਿਭਾਗ ਦੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਆਉਣੇ ਵਾਲੇ 48 ਤੱਕ ਪੰਜਾਬ ਵਿੱਚ ਖਿੰਡਵਿਆਂ ਥਾਵਾਂ ਉਤੇ ਹਲਕੀ ਤੋਂ ਦਰਮਿਆਨੀ ਬਾਰਸ਼ ਪਵੇਗੀ ਜਦੋਂ ਕਿ 48 ਤੋਂ 72 ਘੰਟਿਆਂ ਤੱਕ ਕੁਝ ਥਾਵਾਂ ਉਤੇ ਹਲਕੀ ਤੋਂ ਦਰਮਿਆਨੀ ਬਾਰਸ਼ ਹੋਵੇਗੀ। ਹਿਮ-ਾਚਲ ਪ੍ਰਦੇਸ਼ ਦੇ ਕੁਝ ਜ਼ਿਲ੍ਹਿਆਂ ਵਿੱਚ ਆਉਂਦੇ 24 ਘੰਟਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਸ਼ ਪੈਣ ਦੀ ਸੰਭਾਵਨਾ ਹੈ।

ਮੁੱਖ ਸਕੱਤਰ ਨੇ ਅੱਗੇ ਕਿਹਾ ਕਿ ਨਿਵਾਣ ਵਾਲੇ ਜ਼ਿਲ੍ਹਿਆਂ ਵਿੱਚ ਦਰਿਆਵਾਂ ਤੇ ਨਹਿਰਾਂ ਵਿੱਚ ਵੱਧ ਪਾਣੀ ਦੀ ਸੰਭਾਵਨਾ ਨੂੰ ਦੇਖਦਿਆਂ ਅਗੇਤੇ ਪ੍ਰਬੰਧ ਕੀਤੇ ਜਾਣ ਕਿਉਂਕਿ ਆਉਂਦੇ ਕੁਝ ਸਮਿਆਂ ਵਿੱਚ ਪਾਣੀ ਹੋਰ ਵੱਧ ਜਾਵੇਗਾ ਅਤੇ ਨੀਵੇਂ ਇਲਾਕਿਆਂ ਵਿੱਚੋਂ ਲੋਕਾਂ ਨੂੰ ਸੁਰੱਖਿਅਤ ਕੱਢਦਿਆਂ ਜਾਨ-ਮਾਲ ਦੀ ਰੱਖਿਆ ਯਕੀਨੀ ਬਣਾਈ ਜਾਵੇ।

ਮੀਟਿੰਗ ਵਿੱਚ ਵਿਸ਼ੇਸ਼ ਮੁੱਖ ਸਕੱਤਰ ਮਾਲ ਕੇ.ਏ.ਪੀ.ਸਿਨਹਾ, ਵਧੀਕ ਮੁੱਖ ਸਕੱਤਰ ਪੇਂਡੂ ਵਿਕਾਸ ਤੇ ਪੰਚਾਇਤ ਕੇ.ਸਿਵਾ ਪ੍ਰਸ਼ਾਦ, ਪ੍ਰਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਜਸਪ੍ਰੀਤ ਤਲਵਾੜ, ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਵੀ.ਪੀ.ਸਿੰਘ, ਪ੍ਰਮੁੱਖ ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ, ਸਕੱਤਰ ਸਥਾਨਕ ਸਰਕਾਰਾਂ ਅਜੋਏ ਸ਼ਰਮਾ, ਵਿਸ਼ੇਸ਼ ਡੀ.ਜੀ.ਪੀ. (ਕਾਨੂੰਨ ਤੇ ਵਿਵਸਥਾ) ਅਰਪਿਤ ਸ਼ੁਕਲਾ, ਪੱਛਮੀ ਕਮਾਂਡ ਦੇ ਨੁਮਾਇੰਦੇ ਸਲਾਹਕਾਰ ਸਿਵਲ ਸੈਨਾ ਮਾਮਲੇ ਕਰਨਲ ਜੇ.ਐਸ.ਸੰਧੂ ਹਾਜ਼ਰ, ਐਨ.ਡੀ.ਆਰ.ਐਫ. ਦੇ ਕਮਾਂਡੈਂਟ ਸੰਤੋਸ਼ ਕੁਮਾਰ, ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਗੁਰਪ੍ਰੀਤ ਸਿੰਘ ਖਹਿਰਾ, ਡਾਇਰੈਕਟਰ ਪਸ਼ੂ ਪਾਲਣ ਡਾ. ਰਾਮ ਪਾਲ ਮਿੱਤਲ, ਹਾਜ਼ਰ ਸਨ।

# ਸਪੇਨ ਵਿਚ ਮੁੜ ਸ਼ੁਰੂ ਹੋਇਆ ਬਲਦ ਵਾਲੀ ਲੜਾਈ ਵਾਲਾ ਤਿਉਹਾਰ, ਸੜਕ 'ਤੇ ਛੱਡ ਦਿੱਤੇ ਜਾਂਦੇ ਹਨ ਗੁੱਸੇ ਵਿਚ ਆਏ ਸਾਂਢ

